# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 25-01-2025**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਗਣਤੰਤਰ ਦਿਵਸ ਤੋਂ ਪਹਿਲਾਂ ਦੀ ਸ਼ਾਮ, ਰਾਸ਼ਟਰ ਨੂੰ ਸੰਬੋਧਨ ਕਰਨਗੇ।
- ਰਾਸ਼ਟਰਪਤੀ ਦਰੋਪਦੀ ਮੁਰਮੂ ਨੇ, ਸੂਬਾ ਅਤੇ ਜ਼ਿਲ੍ਹਾ ਅਧਿਕਾਰੀਆਂ ਨੂੰ ਸਰਵੋਤਮ ਚੋਣ ਅਭਿਆਸ ਪੁਰਸਕਾਰ ਪ੍ਰਦਾਨ ਕੀਤੇ- ਕਿਹਾ ਭਾਰਤ, ਦੁਨੀਆ ਦਾ ਸਭ ਤੋਂ ਡਾ, ਵਿਭਿੰਨ, ਯੁਵਾ, ਸਮਾਵੇਸ਼ੀ ਅਤੇ ਸੰਵੇਦਨਸ਼ੀਲ ਲੋਕਤੰਤਰ ਏ।
- ਪੰਜਾਬ ਦਾ ਸੂਬਾ ਪੱਧਰੀ ਸਮਾਗਮ ਲੁਧਿਆਣਾ 'ਚ ਹੋਇਆ ਆਯੋਜਿਤ I
- ਗ੍ਰਹਿ ਮੰਤਰਾਲੇ ਨੇ, ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ ਅਤੇ ਸ਼ਾਨਦਾਰ ਸੇਵਾ ਲਈ ਮੈਡਲ,ਲਈ ਇੱਕ ਮਹਿਲਾ ਪੁਲਿਸ

ਅਧਿਕਾਰੀ ਸਮੇਤ 17 ਪੰਜਾਬ ਪੁਲਿਸ ਅਧਿਕਾਰੀਆਂ ਦੇ ਨਾਵਾਂ ਦਾ ਕੀਤਾ ਐਲਾਨ।

- ਭਾਰਤ ਅਤੇ ਇੰਗਲੈਂਡ ਦਰਮਿਆਨ ਪੰਜ ਟਵੈਂਟੀ -ਟਵੈਂਟੀ ਕ੍ਰਿਕਟ ਮੈਚਾਂ ਦੀ ਲੜੀ ਦਾ ਦੂਜਾ ਮੈਚ, ਅੱਜ ਸ਼ਾਮ ਸੱਤ ਵਜੇ ਚੇਨਈ ਵਿੱਚ ਖੇਡਿਆ ਜਾਵੇਗਾ ।

---------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਗਣਤੰਤਰ ਦਿਵਸ ਤੋਂ ਪਹਿਲਾਂ ਦੀ ਸ਼ਾਮ, ਰਾਸ਼ਟਰ ਨੂੰ ਸੰਬੋਧਨ ਕਰਨਗੇ । ਇਹ ਸੰਬੋਧਨ, ਸ਼ਾਮ 7 ਵਜੇ ਤੋਂ ,ਆਕਾਸ਼ਵਾਣੀ ਦੇ ਪੂਰੇ ਰਾਸ਼ਟਰੀ ਨੈੱਟਵਰਕ ਅਤੇ ਦੂਰਦਰਸ਼ਨ ਦੇ ਸਾਰੇ ਚੈਨਲਾਂ 'ਤੇ, ਪਹਿਲਾਂ ਹਿੰਦੀ ਤੇ ਫਿਰ ਅੰਗ੍ਰੇਜ਼ੀ ਵਿਚ ਪ੍ਰਸਾਰਿਤ ਕੀਤਾ ਜਾਵੇਗਾ । ਦੂਰਦਰਸ਼ਨ 'ਤੇ ਹਿੰਦੀ ਅਤੇ ਅੰਗਰੇਜ਼ੀ ਵਿੱਚ ਸੰਬੋਧਨ ਦੇ ਪ੍ਰਸਾਰਣ ਤੋਂ ਬਾਅਦ, ਦੂਰਦਰਸ਼ਨ ਦੇ ਖੇਤਰੀ ਚੈਨਲਾਂ ਵੱਲੋਂ, ਖੇਤਰੀ ਭਾਸ਼ਾਵਾਂ ਵਿੱਚ ਇਸਦਾ ਪ੍ਰਸਾਰਣ ਕੀਤਾ ਜਾਵੇਗਾ। ਆਕਾਸ਼ਵਾਣੀ ਆਪਣੇ ਖੇਤਰੀ ਨੈੱਟਵਰਕਾਂ 'ਤੇ ਰਾਤ ਸਾਢੇ – 9 ਵਜੇ

ਤੋਂ ਬਾਅਦ ਇਸ ਸੰਬੋਧਨ ਦਾ ਖੇਤਰੀ ਭਾਸ਼ਾ ਵਿਚ ਪ੍ਰਸਾਰਣ ਕਰੇਗਾ।-

---------------------------------------------------------------

ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਕਿਹਾ ਏ ਕਿ ਇਹ ਮਾਣ ਦੀ ਗੱਲ ਏ ਕਿ ਭਾਰਤ, ਦੁਨੀਆ ਦਾ ਸਭ ਤੋਂ ਵੱਡਾ, ਵਿਭਿੰਨ, ਯੁਵਾ, ਸਮਾਵੇਸ਼ੀ ਅਤੇ ਸੰਵੇਦਨਸ਼ੀਲ ਲੋਕਤੰਤਰ ਏ । ਅੱਜ ਨਵੀਂ ਦਿੱਲੀ ਵਿੱਚ 15ਵੇਂ ਰਾਸ਼ਟਰੀ ਵੋਟਰ ਦਿਵਸ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਭਾਰਤ ਲੋਕਤੰਤਰ ਦੀ ਜਣਨੀ ਅਤੇ ਦੇਸ਼ ਵਿੱਚ ਲੋਕਤੰਤਰੀ ਪ੍ਰਕਿਰਿਆ ਪ੍ਰਾਚੀਨ ਕਾਲ ਤੋਂ ਚੱਲ ਰਹੀ ਏ । ਉਨ੍ਹਾਂ ਕਿਹਾ ਕਿ ਭਾਰਤ ਦਾ ਲੋਕਤੰਤਰ ਆਧੁਨਿਕ ਸੰਸਾਰ ਲਈ ਇੱਕ ਵਿਲੱਖਣ ਮਿਸਾਲ ਏ । BYTE: ਰਾਸ਼ਟਰਪਤੀ ਨੇ ਕਿਹਾ ਕਿ ਚੋਣਾਂ ਵਿੱਚ ਸਮਾਵੇਸ਼ੀ ਲੋਕਤੰਤਰ ਦੀ ਇੱਕ ਪ੍ਰਭਾਵਸ਼ਾਲੀ ਝਲਕ ਦਿਖਾਈ ਦੇ ਰਹੀ ਏ । ਚੋਣਾਂ ਵਿੱਚ ਔਰਤਾਂ ਦੀ ਵਧ ਰਹੀ ਭਾਗੀਦਾਰੀ, ਸਮਾਜ ਅਤੇ ਦੇਸ਼ ਦੇ ਸਮੁੱਚੇ ਵਿਕਾਸ ਦਾ ਇੱਕ ਮਹੱਤਵਪੂਰਨ ਸੰਕੇਤ ਏ । ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਨੇ 85 ਸਾਲ ਤੋਂ ਵੱਧ ਉਮਰ ਦੇ ਸੀਨੀਅਰ ਨਾਗਰਿਕਾਂ, ਦਿੱਵਯਾਂਗ ਵਿਅਕਤੀਆਂ ਅਤੇ ਦੂਰ-ਦੁਰਾਡੇ ਦੇ

ਖੇਤਰਾਂ ਵਿੱਚ ਰਹਿਣ ਵਾਲੇ ਕਬਾਇਲੀ ਵੋਟਰਾਂ ਲਈ ਵੋਟਿੰਗ ਪ੍ਰਕਿਰਿਆ ਨੂੰ ਸੁਵਿਧਾਜਨਕ ਬਣਾਉਣ ਦੇ ਉਦੇਸ਼ ਨਾਲ ਵਿਸ਼ੇਸ਼ ਯਤਨ ਕੀਤੇ ਨੇ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਚੋਣ ਕਮਿਸ਼ਨ ਨੇ ਸਮਾਵੇਸ਼ੀ ਅਤੇ ਸੰਵੇਦਨਸ਼ੀਲ ਚੋਣ ਪ੍ਰਬੰਧਨ ਦੀ ਇੱਕ ਚੰਗੀ ਮਿਸਾਲ ਕਾਇਮ ਕੀਤੀ ਏ। ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਵੋਟਿੰਗ ਨਾਲ ਜੁੜੇ ਆਦਰਸ਼ ਅਤੇ ਜ਼ਿੰਮੇਵਾਰੀਆਂ ਲੋਕਤੰਤਰ ਦੇ ਮੁੱਖ ਪਹਿਲੂ ਨੇ। ਚੋਣ ਕਮਿਸ਼ਨ ਦੁਆਰਾ ਜਾਰੀ ਕੀਤੀ ਗਈ ਵੋਟਰ ਦੀ ਸਹੁੰ ਸਾਰੇ ਨਾਗਰਿਕਾਂ ਦਾ ਮਾਰਗ-ਦਰਸ਼ਨ ਕਰ ਸਕਦੀ ਏ। ਉਨ੍ਹਾਂ ਕਿਹਾ ਕਿ ਇੱਕ ਜਾਗਰੂਕ ਵੋਟਰ ਲੋਕਤੰਤਰ ਨੂੰ ਮਜ਼ਬੂਤ ਕਰਦਾ ਏ। ਕੇਂਦਰੀ ਕਾਨੂੰਨ ਅਤੇ ਨਿਆਂ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਸ਼ਾਂਤੀਪੂਰਨ ਅਤੇ ਨਿਰਪੱਖ ਢੰਗ ਨਾਲ ਚੋਣਾਂ ਕਰਵਾਉਣ ਲਈ ਚੋਣ ਕਮਿਸ਼ਨ ਦੇ ਯਤਨਾਂ ਦੀ ਸ਼ਲਾਘਾ ਕੀਤੀ। ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਕਿਹਾ ਕਿ ਭਾਰਤ ਵਿੱਚ ਹੁਣ ਵੋਟਰਾਂ ਦੀ ਗਿਣਤੀ 99 ਕਰੋੜ ਤੋਂ ਵੱਧ ਹੋ ਗਈ ਏ ਅਤੇ ਦੇਸ਼ ਜਲਦੀ ਹੀ ਇੱਕ ਅਰਬ ਤੋਂ ਵੱਧ ਵੋਟਰਾਂ ਦਾ ਨਵਾਂ ਰਿਕਾਰਡ ਕਾਇਮ ਕਰੇਗਾ। ਸਮਾਗਮ ਦੌਰਾਨ

ਰਾਸ਼ਟਰਪਤੀ ਮੁਰਮੂ ਨੇ ਨਿਰਵਿਘਨ ਚੋਣਾਂ ਨੂੰ ਯਕੀਨੀ ਬਣਾਉਣ ਵਿੱਚ ਮਿਸਾਲੀ ਯਤਨਾਂ ਲਈ ਸੂਬਾ ਅਤੇ ਜ਼ਿਲ੍ਹਾ ਅਧਿਕਾਰੀਆਂ ਨੂੰ ਸਰਬੋਤਮ ਚੋਣ ਅਭਿਆਸਾਂ ਦੇ ਪੁਰਸਕਾਰ ਪ੍ਰਦਾਨ ਕੀਤੇ। ਦੂਰਦਰਸ਼ਨ ਨੂੰ ਵੋਟਰਾਂ ਵਿੱਚ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਪ੍ਰਗਤੀਸ਼ੀਲ ਪ੍ਰੋਗਰਾਮ ਪੇਸ਼ ਕਰਨ ਲਈ ਇਹ ਪੁਰਸਕਾਰ ਦਿੱਤਾ ਗਿਆ । ਦੂਰਦਰਸ਼ਨ ਦੇ ਡਾਇਰੈਕਟਰ ਜਨਰਲ ਕੰਚਨ ਪ੍ਰਸਾਦ ਨੇ ਪੁਰਸਕਾਰ ਪ੍ਰਾਪਤ ਕੀਤਾ ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰਾਸ਼ਟਰੀ ਵੋਟਰ ਦਿਵਸ ਮੌਕੇ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਇਹ ਦਿਨ ਭਾਰਤ ਦੇ ਜੀਵੰਤ ਲੋਕਰਾਜ ਦਾ ਜਸ਼ਨ ਮਨਾਉਣ ਅਤੇ ਹਰੇਕ ਨਾਗਰਿਕ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਸ਼ਕਤੀ ਪ੍ਰਦਾਨ ਕਰਨ ਬਾਰੇ ਏ । ਓਹਨਾਂ ਅੱਗੇ ਕਿਹਾ ਕਿ ਇਹ, ਦੇਸ਼ ਦੇ ਭਵਿੱਖ ਨੂੰ ਬਣਾਉਣ ਵਿੱਚ ਹਿੱਸੇਦਾਰੀ ਦੇ ਮਹੱਤਵ' ਤੇ ਚਾਨਣਾ ਪਾਉਂਦਾ ਏ. ਪ੍ਰਧਾਨ ਮੰਤਰੀ

ਨਰੇਂਦਰ ਮੋਦੀ ਨੇ ਇਸ ਸਬੰਧ ਵਿੱਚ ਚੋਣ ਕਮਿਸ਼ਨ ਦੀਆਂ ਮਿਸਾਲੀ ਕੋਸ਼ਿਸ਼ਾਂ ਦੀ ਸ਼ਲਾਘਾ ਵੀ ਕੀਤੀ। ਸ਼੍ਰੀ ਮੋਦੀ ਨੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਦੀ ਇੱਕ ਕਲਿੱਪ ਵੀ ਸਾਂਝੀ ਕੀਤੀ ਜਿੱਥੇ ਉਨ੍ਹਾਂ ਕਿਹਾ ਕਿ ਦੇਸ਼ ਦੇ ਸੰਵਿਧਾਨ ਨਿਰਮਾਤਾਵਾਂ ਨੇ, ਸੰਵਿਧਾਨ ਵਿੱਚ ਲੋਕਾਂ ਦੀ ਹਿੱਸੇਦਾਰੀ ਨੂੰ ਬਹੁਤ ਅਹਿਮੀਅਤ ਦਿੱਤੀ ਏ. ਉਨ੍ਹਾਂ ਭਾਰਤ ਨੂੰ ਲੋਕਰਾਜ ਦੀ ਜਣਨੀ ਵੀ ਕਿਹਾ ਅਤੇ ਜ਼ੋਰ ਦੇ ਕੇ ਕਿਹਾ ਕਿ ਪਿਛਲੇ ਦਹਾਕਿਆਂ ਵਿੱਚ ਦੇਸ਼ ਦਾ ਲੋਕਰਾਜ ਮਜ਼ਬੂਤ ਅਤੇ ਖੁਸ਼ਹਾਲ ਹੋਇਆ ਏ -BYTE

-------------------------------------------------------

ਏਧਰ ਪੰਜਾਬ ਦਾ ਸੂਬਾ ਪੱਧਰੀ ਸਮਾਗਮ ਲੁਧਿਆਣਾ ਵਿੱਚ ਕਰਵਾਇਆ ਗਿਆ। ਵਧੀਕ ਮੁੱਖ ਚੋਣ ਅਫ਼ਸਰ ਹਰੀਸ਼ ਨਈਅਰ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ ਗਈ । ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ, ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ। ਇਸ ਸਮਾਗਮ ਦੀ ਸ਼ੁਰੂਆਤ ਇੱਕ ਮੋਟਰਸਾਈਕਲ ਰੈਲੀ ਨਾਲ ਹੋਈ ਜਿਸ ਵਿੱਚ ਨੌਜਵਾਨਾਂ ਨੇ ਲੋਕਾਂ ਵਿੱਚ ਵੋਟ ਦੇ ਅਧਿਕਾਰ ਦਾ

ਸੰਦੇਸ਼ ਦਿੱਤਾ। ਸਮਾਗਮ ਦੌਰਾਨ, ਚੋਣ ਅਧਿਕਾਰੀਆਂ ਨੂੰ ਲੋਕ ਸਭਾ ਚੋਣਾਂ 2024 ਦੌਰਾਨ ਉਨ੍ਹਾਂ ਦੀਆਂ ਮਿਸਾਲੀ ਸੇਵਾਵਾਂ ਲਈ ਸਨਮਾਨਿਤ ਕੀਤਾ ਗਿਆ।ਪੰਜਾਬ ਚੋਣ ਕੁਇਜ਼-2025 ਦੇ ਜੇਤੂਆਂ ਵਿੱਚ ਨੂੰ ਸਨਮਾਨਿਤ ਕੀਤਾ ਗਿਆ । ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਦਾ ਇੱਕ ਵੀਡੀਓ ਸੰਦੇਸ਼ ਵੀ ਚਲਾਇਆ ਗਿਆ।ਇਸ ਸਮਾਗਮ ਦੌਰਾਨ ਇਲੈਕਟੋਰਲ ਲਿਟਰੇਸੀ ਕਲੱਬ ਪੋਰਟਲ ਵੀ ਲਾਂਚ ਕੀਤਾ ਗਿਆ ਅਤੇ ਸਵੀਪ ਕੌਫੀ ਟੇਬਲ ਬੁੱਕ ਵੀ ਜਾਰੀ ਕੀਤੀ ਗਈ। ਪਹਿਲੀ ਵਾਰ ਵੋਟ ਪਾਉਣ ਵਾਲਿਆਂ ਨੂੰ ਐਪਿਕ ਕਾਰਡ ਵੀ ਦਿੱਤੇ ਗਏ। ਹਰੀਸ਼ ਨਈਅਰ ਨੇ ਇਸ ਮੌਕੇ 'ਤੇ ਮੌਜੂਦ ਸਾਰੇ ਲੋਕਾਂ ਨੂੰ ਆਜ਼ਾਦ ਅਤੇ ਨਿਰਪੱਖ ਢੰਗ ਨਾਲ ਵੋਟ ਪਾਉਣ ਦੇ ਆਪਣੇ ਅਧਿਕਾਰ ਦੀ ਵਰਤੋਂ ਕਰਨ ਦੀ ਸਹੁੰ ਵੀ ਚੁਕਾਈ।ਓਧਰ ਮੋਹਾਲੀ ਵਿਚ ਵੋਟਰ ਦਿਵਸ ਮੌਕੇ ਵਿਧਿਆਰਥੀਆਂ ਵਲੋਂ ਇਕ ਸਾਈਕਲ ਰੈਲੀ ਕੱਢੀ ਗਈ ਓਨਾ ਕਿਹਾ BYTE:

---------------------------------------------------------------

ਗ੍ਰਹਿ ਮੰਤਰਾਲੇ ਨੇ ਇੱਕ ਮਹਿਲਾ ਪੁਲਿਸ ਅਧਿਕਾਰੀ ਸਮੇਤ 17

ਪੰਜਾਬ ਪੁਲਿਸ ਅਧਿਕਾਰੀਆਂ ਦੇ ਨਾਵਾਂ ਦਾ ਐਲਾਨ ਕੀਤਾ ਏ , ਜਿਨ੍ਹਾਂ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ ਅਤੇ ਸ਼ਾਨਦਾਰ ਸੇਵਾ ਲਈ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ । ਉਨ੍ਹਾਂ ਨੂੰ ਭਲਕੇ 76ਵੇਂ ਗਣਤੰਤਰ ਦਿਵਸ ਮੌਕੇ, ਮੈਡਲਾਂ ਨਾਲ ਨਵਾਜ਼ਿਆ ਜਾਵੇਗਾ । ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ ਇੰਟੈਲੀਜੈਂਸ ਆਰ.ਕੇ. ਜੈਸਵਾਲ ਅਤੇ ADGP ਐਂਟੀ ਨਾਰਕੋਟਿਕਸ ਟਾਸਕ ਫੋਰਸ ਨੀਲਾਭ ਕਿਸ਼ੋਰ ਨੂੰ ਵਿਲੱਖਣ ਸੇਵਾ ਲਈ, ਰਾਸ਼ਟਰਪਤੀ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ । ਲੁਧਿਆਣਾ ਰੇਂਜ ਦੇ ਇੰਸਪੈਕਟਰ ਜਨਰਲ ਆਫ਼ ਪੁਲਿਸ ਧਨਪ੍ਰੀਤ ਕੌਰ ਅਤੇ ਏ.ਆਈ.ਜੀ ਵਿੱਤੀ ਇੰਟੈਲੀਜੈਂਸ ਯੂਨਿਟ ਤੇਜਿੰਦਰਜੀਤ ਸਿੰਘ ਸਮੇਤ ਇੰਸਪੈਕਟਰ, ਸਬ-ਇੰਸਪੈਕਟਰ ਅਤੇ ਸਹਾਇਕ, ਸਬ-ਇੰਸਪੈਕਟਰ ਰੈਂਕ ਦੇ 15 ਹੋਰ ਅਧਿਕਾਰੀਆਂ ਵਿੱਚ ਸ਼ਾਮਲ ਨੇ , ਜਿਨ੍ਹਾਂ ਨੂੰ ਸ਼ਾਨਦਾਰ ਸੇਵਾਵਾਂ ਲਈ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ। ਇਨ੍ਹਾਂ ਤੋਂ ਇਲਾਵਾ ਪੰਜਾਬ ਦੇ 19 ਪੁਲਿਸ ਅਧਿਕਾਰੀਆਂ ਨੂੰ ਵੀ ਕਲ ਸੂਬਾ ਪੱਧਰੀ ਗਣਤੰਤਰ ਦਿਵਸ ਸਮਾਗਮ ਵਿੱਚ ਪੰਜਾਬ ਦੇ ਰਾਜਪਾਲ ਵੱਲੋਂ ਮੁੱਖ ਮੰਤਰੀ

ਰਕਸ਼ਕ ਪਦਕ ਅਤੇ ਮੁੱਖ ਮੰਤਰੀ ਮੈਡਲ ਨਾਲ ਨਿਵਾਜਿਆ ਜਾਵੇਗਾ।ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਪੁਰਸਕਾਰ ਜੇਤੂਆਂ ਨੂੰ ਵਧਾਈ ਦਿੰਦੇ ਹੋਏ, ਉਨ੍ਹਾਂ ਦੀਆਂ ਸੇਵਾਵਾਂ ਨੂੰ ਮਾਨਤਾ ਦੇਣ ਅਤੇ ਸਮੁੱਚੇ ਸੂਬਾ ਪੁਲਿਸ ਬਲ ਦਾ ਮਨੋਬਲ ਵਧਾਉਣ ਲਈ ਕੇਂਦਰ ਅਤੇ ਰਾਜ ਸਰਕਾਰ ਦਾ ਧੰਨਵਾਦ ਕੀਤਾ।

---------------------------------------------------

ਆਪਣੀ ਡਿਊਟੀ ਪ੍ਰਤੀ ਈਮਾਨਦਾਰੀ, ਦੇਸ਼ ਅਤੇ ਸਮਾਜ ਲਈ ਕੁਝ ਕਰ ਦਿਖਾਉਣ ਦਾ ਜਜ਼ਬਾ ਅਤੇ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਦਾ ਲਾਹਾ ਲੈਂਦਿਆਂ, ਆਪਣੀ ਅਤੇ ਸਮਾਜ ਦੀ ਬਿਹਤਰੀ ਕਰਨ ਵਾਲਿਆਂ ਨੂੰ ਸਨਮਾਨਿਤ ਕਰਨ ਲਈ ਭਾਰਤ ਸਰਕਾਰ ਵੱਲੋਂ ਪੰਜਾਬ ਸਮੇਤ ਦੇਸ਼ ਭਰ ‘ਚੋਂ 10 ਹਜ਼ਾਰ ਸ਼ਖਸੀਅਤਾਂ ਨੂੰ ਭਲਕੇ ਗਣਤੰਤਰ ਦਿਵਸ ਮੌਕੇ ਸਨਮਾਨ ਵਜੋਂ ਵਿਸ਼ੇਸ਼ ਤੌਰ ‘ਤੇ ਦਿੱਲੀ ਸੱਦਿਆ ਗਿਆ ਏ. ਜਿਥੇ ਸਨਮਾਨਿਤ ਹੋਣ ਵਾਲੇ ਇਹ ਵਿਅਕਤੀ ਇਸ ਵਿਸ਼ੇਸ਼ ਸੱਦੇ ਨਾਲ ਭਾਵੁਕ ਨੇ, ਉਥੇ ਹੀ ਇਹਨਾਂ ਨੂੰ ਮਾਣ ਏ ਕਿ ਦੇਸ਼ ਪ੍ਰਤੀ ਇਹਨਾਂ ਦੀਆਂ

ਸੇਵਾਵਾਂ ਨੂੰ ਪਛਾਣ ਮਿਲੀ ਏ.,ਪੇਸ਼ ਏ ਇਸ ਬਾਰੇ ਇੱਕ ਰਿਪੋਰਟ ਰਾਜੇਸ਼ ਬਾਲੀ, ਆਕਾਸ਼ਵਾਣੀ ਖਬਰਾਂ, ਜਲੰਧਰ .

---------------------------------------------------

ਭਾਰਤ ਅਤੇ ਇੰਗਲੈਂਡ ਦਰਮਿਆਨ ਪੰਜ ਟਵੈਂਟੀ -ਟਵੈਂਟੀ ਕ੍ਰਿਕਟ ਮੈਚਾਂ ਦੀ ਲੜੀ ਦਾ ਦੂਜਾ ਮੈਚ, ਅੱਜ ਸ਼ਾਮ ਸੱਤ ਵਜੇ ਚੇਨਈ ਵਿੱਚ ਖੇਡਿਆ ਜਾਵੇਗਾ।

---------------------------------------------------

ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਗਣਤੰਤਰ ਦਿਵਸ ਤੋਂ ਪਹਿਲਾਂ ਦੀ ਸ਼ਾਮ, ਰਾਸ਼ਟਰ ਨੂੰ ਸੰਬੋਧਨ ਕਰਨਗੇ।
- ਰਾਸ਼ਟਰਪਤੀ ਦਰੋਪਦੀ ਮੁਰਮੂ ਨੇ, ਸੂਬਾ ਅਤੇ ਜ਼ਿਲ੍ਹਾ ਅਧਿਕਾਰੀਆਂ ਨੂੰ ਸਰਵੋਤਮ ਚੋਣ ਅਭਿਆਸ ਪੁਰਸਕਾਰ ਪ੍ਰਦਾਨ ਕੀਤੇ- ਕਿਹਾ ਭਾਰਤ, ਦੁਨੀਆ ਦਾ ਸਭ ਤੋਂ ਡਾ, ਵਿਭਿੰਨ, ਯੁਵਾ, ਸਮਾਵੇਸ਼ੀ ਅਤੇ ਸੰਵੇਦਨਸ਼ੀਲ ਲੋਕਤੰਤਰ ਏ।

- ਪੰਜਾਬ ਦਾ ਸੂਬਾ ਪੱਧਰੀ ਸਮਾਗਮ ਲੁਧਿਆਣਾ 'ਚ ਹੋਇਆ ਆਯੋਜਿਤI
- ਗ੍ਰਹਿ ਮੰਤਰਾਲੇ ਨੇ, ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ ਅਤੇ ਸ਼ਾਨਦਾਰ ਸੇਵਾ ਲਈ ਮੈਡਲ,ਲਈ ਇੱਕ ਮਹਿਲਾ ਪੁਲਿਸ ਅਧਿਕਾਰੀ ਸਮੇਤ 17 ਪੰਜਾਬ ਪੁਲਿਸ ਅਧਿਕਾਰੀਆਂ ਦੇ ਨਾਵਾਂ ਦਾ ਕੀਤਾ ਐਲਾਨ।
- ਭਾਰਤ ਅਤੇ ਇੰਗਲੈਂਡ ਦਰਮਿਆਨ ਪੰਜ ਟਵੈਂਟੀ -ਟਵੈਂਟੀ ਕ੍ਰਿਕਟ ਮੈਚਾਂ ਦੀ ਲੜੀ ਦਾ ਦੂਜਾ ਮੈਚ, ਅੱਜ ਸ਼ਾਮ ਸੱਤ ਵਜੇ ਚੇਨਈ ਵਿੱਚ ਖੇਡਿਆ ਜਾਵੇਗਾ ।